ਭੈਰਉ ਮਹਲਾ ੪ ਘਰੁ ੨ ੴ ਸਤਿਗੁਰ ਪ੍ਰਸਾਦਿ ॥ ਹਰਿ ਕਾ ਸੰਤੁ ਹਰਿ ਕੀ ਹਰਿ ਮੂਰਤਿ ਜਿਸੁ ਹਿਰਦੈ ਹਰਿ ਨਾਮੁ ਮੁਰਾਰਿ ॥ ਮਸਤਕਿ ਭਾਗੁ ਹੋਵੈ ਜਿਸੁ ਲਿਖਿਆ ਸੋ ਗੁਰਮਤਿ ਹਿਰਦੈ ਹਰਿ ਨਾਮੁ ਸਮ੍ਾਰਿ ॥੧॥ ਮਧੁਸੂਦਨੁ ਜਪੀਐ ਉਰ ਧਾਰਿ ॥ ਦੇਹੀ ਨਗਰਿ ਤਸਕਰ ਪੰਚ ਧਾਤੂ ਗੁਰ ਸਬਦੀ ਹਰਿ ਕਾਢੇ ਮਾਰਿ ॥੧॥ ਰਹਾਉ ॥ ਜਿਨ ਕਾ ਹਰਿ ਸੇਤੀ ਮਨੁ ਮਾਨਿਆ ਤਿਨ ਕਾਰਜ ਹਰਿ ਆਪਿ ਸਵਾਰਿ ॥ ਤਿਨ ਚੂਕੀ ਮੁਹਤਾਜੀ ਲੋਕਨ ਕੀ ਹਰਿ ਅੰਗੀਕਾਰੁ ਕੀਆ ਕਰਤਾਰਿ ॥ ੨॥ ਮਤਾ ਮਸੂਰਤਿ ਤਾਂ ਕਿਛੁ ਕੀਜੈ ਜੇ ਕਿਛੁ ਹੋਵੈ ਹਰਿ ਬਾਹਰਿ ॥ ਜੋ ਕਿਛੁ ਕਰੇ ਸੋਈ ਭਲ ਹੋਸੀ ਹਰਿ ਧਿਆਵਹੁ ਅਨਦਿਨੁ ਨਾਮੁ ਮੁਰਾਰਿ ॥੩॥ ਹਰਿ ਜੋ ਕਿਛੁ ਕਰੇ ਸੁ ਆਪੇ ਆਪੇ ਓਹੁ ਪੂਛਿ ਨ ਕਿਸੈ ਕਰੇ ਬੀਚਾਰਿ ॥ ਨਾਨਕ ਸੋ ਪ੍ਰਭੁ ਸਦਾ ਧਿਆਈਐ ਜਿਨਿ ਮੇਲਿਆ ਸਤਿਗੁਰੁ ਕਿਰਪਾ ਧਾਰਿ ॥ ੪॥੧॥੫॥ {ਪੰਨਾ 1134-1135}

ਪਦਅਰਥ:- ਮੂਰਤਿ—ਸਰੂਪ। ਹਿਰਦੈ—ਹਿਰਦੇ ਵਿਚ। ਮੁਰਾਰਿ—{ਮੁਰ-ਅਰਿ। ਅਰਿ—ਵੈਰੀ} ਪਰਮਾਤਮਾ। ਜਿਸੁ ਮਸਤਕਿ—ਜਿਸ ਦੇ ਮੱਥੇ ਉਤੇ। ਭਾਗੁ—ਚੰਗੀ ਕਿਸਮਤ। ਗੁਰਮਤਿ—ਗੁਰੂ ਦੀ ਸਿੱਖਿਆ ਅਨੁਸਾਰ। ਸਮ੍ਾਰਿ—ਸਮ੍ਾਰੇ, ਸੰਭਾਲਦਾ ਹੈ।1।

ਮਧੁ ਸੂਦਨੁ—{ਮਧੁ ਦੈਂਤ ਨੂੰ ਮਾਰਨ ਵਾਲਾ} ਪਰਮਾਤਮਾ। ਉਰ—ਹਿਰਦਾ। ਧਾਰਿ—ਟਿਕਾ ਕੇ, ਵਸਾ ਕੇ। ਦੇਹੀ—ਸਰੀਰ। ਨਗਰਿ—ਨਗਰ ਵਿਚ। ਤਸਕਰ—{ਬਹੁ-ਵਚਨ} ਚੋਰ। ਧਾਤੂ—ਧਾਵਨ ਵਾਲੇ, ਭਟਕਣਾ ਵਿਚ ਪਾਣ ਵਾਲੇ। ਸਬਦੀ—ਸ਼ਬਦ ਦੀ ਰਾਹੀਂ। ਕਾਢੇ ਮਾਰਿ—ਮਾਰ ਕੇ ਕੱਢ ਦਿੱਤੇ।1। ਰਹਾਉ।

ਸੇਤੀ—ਨਾਲ। ਮਾਨਿਆ—ਗਿੱਝ ਗਿਆ। ਕਾਰਜ—{ਬਹੁ-ਵਚਨ} ਸਾਰੇ ਕੰਮ। ਸਵਾਰਿ—ਸਵਾਰੇ, ਸਵਾਰਦਾ ਹੈ। ਚੂਕੀ—ਮੁੱਕ ਗਈ। ਮੁਹਤਾਜੀ—ਗ਼ਰਜ਼। ਅੰਗੀਕਾਰੁ—ਸਹਾਇਤਾ। ਕਰਤਾਰਿ—ਕਰਤਾਰ ਨੇ।2।

ਮਤਾ—ਆਪਣੇ ਮਨ ਦੀ ਸਲਾਹ। ਮਸੂਰਤਿ—ਮਸ਼ਵਰਾ। ਕੀਜੈ—ਕੀਤਾ ਜਾ ਸਕਦਾ ਹੈ। ਹਰਿ ਬਾਹਰਿ—ਪਰਮਾਤਮਾ ਤੋਂ ਬਾਹਰਾ। ਭਲ—ਭਲਾ। ਹੋਸੀ—ਹੋਵੇਗਾ। ਅਨਦਿਨੁ—ਹਰ ਰੋਜ਼, ਹਰ ਵੇਲੇ।3।

ਆਪੇ—ਆਪ ਹੀ। ਪੂਛਿ—ਪੁੱਛ ਕੇ। ਬੀਚਾਰਿ—ਵਿਚਾਰ ਕਰ ਕੇ। ਜਿਨਿ—ਜਿਸ (ਪ੍ਰਭੂ) ਨੇ। ਧਾਰਿ—ਧਾਰ ਕੇ।4।

ਅਰਥ:- ਹੇ ਭਾਈ! (ਦੈਂਤਾਂ ਦੇ ਨਾਸ ਕਰਨ ਵਾਲੇ) ਪਰਮਾਤਮਾ ਦਾ ਨਾਮ ਹਿਰਦੇ ਵਿਚ ਵਸਾ ਕੇ ਜਪਣਾ ਚਾਹੀਦਾ ਹੈ। (ਜਿਹੜਾ ਮਨੁੱਖ ਨਾਮ ਜਪਦਾ ਹੈ) ਉਹ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਆਪਣੇ) ਸਰੀਰ-ਨਗਰ ਵਿਚ (ਵੱਸ ਰਹੇ) ਭਟਕਣਾ ਵਿਚ ਪਾਣ ਵਾਲੇ (ਕਾਮਾਦਿਕ) ਪੰਜਾਂ ਚੋਰਾਂ ਨੂੰ ਮਾਰ ਕੇ ਬਾਹਰ ਕੱਢ ਦੇਂਦਾ ਹੈ।1। ਰਹਾਉ।

ਹੇ ਭਾਈ! ਪਰਮਾਤਮਾ ਦਾ ਭਗਤ ਜਿਸ ਦੇ ਹਿਰਦੇ ਵਿਚ (ਸਦਾ) ਪਰਮਾਤਮਾ ਦਾ ਨਾਮ ਵੱਸਦਾ ਹੈ ਪਰਮਾਤਮਾ ਦਾ ਹੀ ਰੂਪ ਹੋ ਜਾਂਦਾ ਹੈ। ਪਰ ਉਹੀ ਮਨੁੱਖ ਗੁਰੂ ਦੀ ਮਤਿ ਲੈ ਕੇ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਸੰਭਾਲਦਾ ਹੈ ਜਿਸ ਦੇ ਮੱਥੇ ਉਤੇ (ਧੁਰੋਂ) ਚੰਗੀ ਕਿਸਮਤ (ਦਾ ਲੇਖ) ਲਿਖਿਆ ਹੁੰਦਾ ਹੈ।1।

ਹੇ ਭਾਈ! ਜਿਨ੍ਹਾਂ ਮਨੁੱਖਾਂ ਦਾ ਮਨ ਪਰਮਾਤਮਾ (ਦੀ ਯਾਦ) ਨਾਲ ਗਿੱਝ ਜਾਂਦਾ ਹੈ, ਉਹਨਾਂ ਦੇ ਸਾਰੇ ਕੰਮ ਪਰਮਾਤਮਾ ਆਪ ਸਵਾਰਦਾ ਹੈ। ਕਰਤਾਰ ਨੇ ਸਦਾ ਉਹਨਾਂ ਦੀ ਸਹਾਇਤਾ ਕੀਤੀ ਹੁੰਦੀ ਹੈ (ਇਸ ਵਾਸਤੇ) ਉਹਨਾਂ ਦੇ ਅੰਦਰੋਂ ਲੋਕਾਂ ਦੀ ਮੁਥਾਜੀ ਮੁੱਕ ਚੁਕੀ ਹੁੰਦੀ ਹੈ।2।

ਹੇ ਭਾਈ! ਆਪਣੇ ਮਨ ਦੀ ਸਾਲਾਹ ਆਪਣੇ ਮਨ ਦਾ ਮਸ਼ਵਰਾ ਤਦੋਂ ਹੀ ਕੋਈ ਕੀਤਾ ਜਾ ਸਕਦਾ ਹੈ ਜੇ ਪਰਮਾਤਮਾ ਤੋਂ ਬਾਹਰਾ ਕੋਈ ਕੰਮ ਹੋ ਹੀ ਸਕਦਾ ਹੋਵੇ। ਹੇ ਭਾਈ! ਜੋ ਕੁਝ ਪਰਮਾਤਮਾ ਕਰਦਾ ਹੈ ਉਹ ਸਾਡੇ ਭਲੇ ਵਾਸਤੇ ਹੀ

ਹੁੰਦਾ ਹੈ। (ਇਸ ਵਾਸਤੇ, ਹੇ ਭਾਈ!) ਹਰ ਵੇਲੇ ਪਰਮਾਤਮਾ ਦਾ ਨਾਮ ਸਿਮਰਦੇ ਰਿਹਾ ਕਰੋ।3।

ਹੇ ਭਾਈ! ਪਰਮਾਤਮਾ ਜੋ ਕੁਝ ਕਰਦਾ ਹੈ ਆਪ ਹੀ ਕਰਦਾ ਹੈ ਆਪ ਹੀ ਕਰਦਾ ਹੈ, ਉਹ ਕਿਸੇ ਪਾਸੋਂ ਪੁੱਛ ਕੇ ਨਹੀਂ ਕਰਦਾ, ਕਿਸੇ ਨਾਲ ਵਿਚਾਰ ਕਰ ਕੇ ਨਹੀਂ ਕਰਦਾ। ਹੇ ਨਾਨਕ! ਉਸ ਪਰਮਾਤਮਾ ਦਾ ਨਾਮ ਸਦਾ ਸਿਮਰਨਾ ਚਾਹੀਦਾ ਹੈ ਜਿਸ ਨੇ ਮੇਹਰ ਕਰ ਕੇ (ਅਸਾਨੂੰ) ਗੁਰੂ ਮਿਲਾਇਆ ਹੈ।4।1।5।